ਜੈਤਸਰੀ ਮਹਲਾ ੪ ਘਰੁ ੧ ਚਉਪਦੇ
jaithasaree mehalaa 4 ghar 1 choupadhae
Jaitsree, Fourth Mehl, First House, Chau-Padas:

ੴ ਸਤਿਗੁਰ ਪ੍ਰਸਾਦਿ ॥
ik oankaar sathigur prasaadh |
One Universal Creator God. By The Grace Of The True Guru:

ਮੇਰੈ ਹੀਅਰੈ ਰਤਨੁ ਨਾਮੁ ਹਰਿ ਬਸਿਆ ਗੁਰਿ ਹਾਥੁ ਧਰਿਓ ਮੇਰੈ ਮਾਥਾ ॥
maerai heearai rathan naam har basiaa gur haath dhariou maerai maathaa |
The Jewel of the Lord's Name abides within my heart; the Guru has placed His hand on my forehead.
ਗੁਰੂ ਨੇ ਮੇਰੇ ਸਿਰ ਉੱਤੇ ਆਪਣਾ ਹੱਥ ਰੱਖਿਆ, ਤਾਂ ਮੇਰੇ ਹਿਰਦੇ ਵਿਚ ਪਰਮਾਤਮਾ ਦਾ ਰਤਨ (ਵਰਗਾ ਕੀਮਤੀ) ਨਾਮ ਆ ਵੱਸਿਆ ।

ਜਨਮ ਜਨਮ ਕੇ ਕਿਲਬਿਖ ਦੁਖ ਉਤਰੇ ਗੁਰਿ ਨਾਮੁ ਦੀਓ ਰਿਨੁ ਲਾਥਾ ॥੧॥
janam janam kae kilabikh dhukh outharae gur naam dheeou rin laathaa |1|
The sins and pains of countless incarnations have been cast out. The Guru has blessed me with the Naam, the Name of the Lord, and my debt has been paid off. ||1||
ਗੁਰੂ ਨੇ ਪਰਮਾਤਮਾ ਦਾ ਨਾਮ ਦਿੱਤਾ, ਉਸ ਦੇ ਅਨੇਕਾਂ ਜਨਮਾਂ ਦੇ ਪਾਪ ਦੁੱਖ ਦੂਰ ਹੋ ਗਏ, (ਉਸ ਦੇ ਸਿਰੋਂ ਪਾਪਾਂ ਦਾ) ਕਰਜ਼ਾ ਉਤਰ ਗਿਆ ।੧।

ਮੇਰੇ ਮਨ ਭਜੁ ਰਾਮ ਨਾਮੁ ਸਭਿ ਅਰਥਾ ॥
maerae man bhaj raam naam sabh arathaa |
O my mind, vibrate the Lord's Name, and all your affairs shall be resolved.
ਹੇ ਮੇਰੇ ਮਨ! (ਸਦਾ) ਪਰਮਾਤਮਾ ਦਾ ਨਾਮ ਸਿਮਰਿਆ ਕਰ, (ਪਰਮਾਤਮਾ) ਸਾਰੇ ਪਦਾਰਥ (ਦੇਣ ਵਾਲਾ ਹੈ) ।

ਗੁਰਿ ਪੂਰੈ ਹਰਿ ਨਾਮੁ ਦ੍ਰਿੜਾਇਆ ਬਿਨੁ ਨਾਵੈ ਜੀਵਨੁ ਬਿਰਥਾ ॥ ਰਹਾਉ ॥
gur poorai har naam dhrirraaeiaa bin naavai jeevan birathaa | rehaao |
The Perfect Guru has implanted the Lord's Name within me; without the Name, life is useless. ||Pause||
ਪੂਰੇ ਗੁਰੂ ਨੇ (ਹੀ) ਪਰਮਾਤਮਾ ਦਾ ਨਾਮ (ਹਿਰਦੇ ਵਿਚ) ਪੱਕਾ ਕੀਤਾ ਹੈ । ਤੇ, ਨਾਮ ਤੋਂ ਬਿਨਾ ਮਨੁੱਖਾ ਜ਼ਿੰਦਗੀ ਵਿਅਰਥ ਚਲੀ ਜਾਂਦੀ ਹੈ ।ਰਹਾਉ।

ਬਿਨੁ ਗੁਰ ਮੂੜ ਭਏ ਹੈ ਮਨਮੁਖ ਤੇ ਮੋਹ ਮਾਇਆ ਨਿਤ ਫਾਥਾ ॥
bin gur moorr bheae hai manamukh thae moh maaeiaa nith faathaa |
Without the Guru, the self-willed manmukhs are foolish and ignorant; they are forever entangled in emotional attachment to Maya.
ਹੇ ਭਾਈ! ਜੇਹੜੇ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦੇ ਹਨ ਉਹ ਗੁਰੂ (ਦੀ ਸਰਨ) ਤੋਂ ਬਿਨਾ ਮੂਰਖ ਹੋਏ ਰਹਿੰਦੇ ਹਨ, ਉਹ ਸਦਾ ਮਾਇਆ ਦੇ ਮੋਹ ਵਿਚ ਫਸੇ ਰਹਿੰਦੇ ਹਨ ।

ਤਿਨ ਸਾਧੂ ਚਰਣ ਨ ਸੇਵੇ ਕਬਹੂ ਤਿਨ ਸਭੁ ਜਨਮੁ ਅਕਾਥਾ ॥੨॥
thin saadhoo charan n saevae kabehoo thin sabh janam akaathaa |2|
They never serve the feet of the Holy; their lives are totally useless. ||2||
। ਉਹਨਾਂ ਨੇ ਕਦੇ ਭੀ ਗੁਰੂ ਦਾ ਆਸਰਾ ਨਹੀਂ ਲਿਆ, ਉਹਨਾਂ ਦਾ ਸਾਰਾ ਜੀਵਨ ਵਿਅਰਥ ਚਲਾ ਜਾਂਦਾ ਹੈ ।੨।

ਜਿਨ ਸਾਧੂ ਚਰਣ ਸਾਧ ਪਗ ਸੇਵੇ ਤਿਨ ਸਫਲਿਓ ਜਨਮੁ ਸਨਾਥਾ ॥
jin saadhoo charan saadh pag saevae thin safaliou janam sanaathaa |
Those who serve at the feet of the Holy, the feet of the Holy, their lives are made fruitful, and they belong to the Lord.
ਹੇ ਭਾਈ! ਜੇਹੜੇ ਮਨੁੱਖ ਗੁਰੂ ਦੇ ਚਰਨਾਂ ਦੀ ਓਟ ਲੈਂਦੇ ਹਨ, ਉਹ ਖਸਮ ਵਾਲੇ ਬਣ ਜਾਂਦੇ ਹਨ, ਉਹਨਾਂ ਦੀ ਜ਼ਿੰਦਗੀ ਕਾਮਯਾਬ ਹੋ ਜਾਂਦੀ ਹੈ ।

ਮੋ ਕਉ ਕੀਜੈ ਦਾਸੁ ਦਾਸ ਦਾਸਨ ਕੋ ਹਰਿ ਦਇਆ ਧਾਰਿ ਜਗੰਨਾਥਾ ॥੩॥
mo ko keejai dhaas dhaas dhaasan ko har dhaeiaa dhaar jagannaathaa |3|
Make me the slave of the slave of the slaves of the Lord; bless me with Your Mercy, O Lord of the Universe. ||3||
ਹੇ ਹਰੀ! ਹੇ ਜਗਤ ਦੇ ਨਾਥ! ਮੇਰੇ ਉੱਤੇ ਮੇਹਰ ਕਰ, ਮੈਨੂੰ ਆਪਣੇ ਦਾਸਾਂ ਦੇ ਦਾਸਾਂ ਦਾ ਦਾਸ ਬਣਾ ਲੈ ।੩।

ਹਮ ਅੰਧੁਲੇ ਗਿਆਨਹੀਨ ਅਗਿਆਨੀ ਕਿਉ ਚਾਲਹ ਮਾਰਗਿ ਪੰਥਾ ॥
ham andhulae giaaneheen agiaanee kio chaaleh maarag panthaa |
I am blind, ignorant and totally without wisdom; how can I walk on the Path?
ਹੇ ਗੁਰੂ! ਅਸੀ ਮਾਇਆ ਵਿਚ ਅੰਨ੍ਹੇ ਹੋ ਰਹੇ ਹਾਂ, ਅਸੀਂ ਆਤਮਕ ਜੀਵਨ ਦੀ ਸੂਝ ਤੋਂ ਸੱਖਣੇ ਹਾਂ, ਸਾਨੂੰ ਸਹੀ ਜੀਵਨ-ਜੁਗਤਿ ਦੀ ਸੂਝ ਨਹੀਂ ਹੈ, ਅਸੀ ਤੇਰੇ ਦੱਸੇ ਹੋਏ ਜੀਵਨ-ਰਾਹ ਉੱਤੇ ਤੁਰ ਨਹੀਂ ਸਕਦੇ ।

ਹਮ ਅੰਧੁਲੇ ਕਉ ਗੁਰ ਅੰਚਲੁ ਦੀਜੈ ਜਨ ਨਾਨਕ ਚਲਹ ਮਿਲੰਥਾ ॥੪॥੧॥
ham andhulae ko gur anchal dheejai jan naanak chaleh milanthaa |4|1|
I am blind - O Guru, please let me grasp the hem of Your robe, so that servant Nanak may walk in harmony with You. ||4||1||
ਹੇ ਗੁਰੂ! ਸਾਨੂੰ ਅੰਨ੍ਹਿਆਂ ਨੂੰ ਆਪਣਾ ਪੱਲਾ ਫੜਾ, ਤਾਂ ਕਿ ਤੇਰੇ ਪੱਲੇ ਲੱਗ ਕੇ ਅਸੀ ਤੇਰੇ ਦੱਸੇ ਹੋਏ ਰਸਤੇ ਉਤੇ ਤੁਰ ਸਕੀਏ ।੪।੧।

Created By SikhiToTheMAX II